# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 02-01-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਡਿਜੀਟਲ ਕਾਮਰਸ ਲਈ ਓਪਨ ਨੈੱਟਵਰਕ ਨੇ ਛੋਟੇ ਵਪਾਰੀਆਂ ਦੇ ਸਸ਼ਕਤੀਕਰਨ ਅਤੇ ਈ-ਕਾਮਰਸ ਦੇ ਖੇਤਰ ਵਿੱਚ, ਕ੍ਰਾਂਤੀ ਲਿਆਉਣ 'ਚ ਮਹੱਤਵਪੂਰਨ ਯੋਗਦਾਨ ਪਾਇਆ ਏ ।
- ਅੱਜ ਰਾਸ਼ਟਰੀ ਖੇਡ ਪੁਰਸਕਾਰਾਂ ਦਾ ਐਲਾਨ ਕੀਤਾ ਗਿਆ - ਵਿਸ਼ਵ ਸ਼ਤਰੰਜ ਚੈਂਪੀਅਨ ਡੀ ਗੁਕੇਸ਼, ਨਿਸ਼ਾਨੇਬਾਜ਼ ਮਨੂ ਭਾਕਰ, ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਅਤੇ ਪੈਰਾਲੰਪਿਕਸ ਖਿਡਾਰੀ ਪ੍ਰਵੀਨ ਕੁਮਾਰ ਨੂੰ, ਮੇਜਰ ਧਿਆਨ ਚੰਦ ਖੇਲ ਰਤਨ ਪੁਰਸਕਾਰ ਦਿੱਤਾ ਜਾਵੇਗਾ।

- ਚੰਡੀਗੜ੍ਹ ਯੂਨੀਵਰਸਿਟੀ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੂੰ ਮਿਲੇਗੀ ਮੌਲਾਨਾ ਅਬੁਲ ਕਲਾਮ ਆਜ਼ਾਦ ਟਰਾਫੀ।
- ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਵਿਭਾਗ ਨੇ, ਸਾਲ 2024 ਵਿਚ, 261 ਬੱਚਿਆਂ ਨੂੰ ਭਿਖਿਆ ਮੰਗਵਾਉਣ ਤੋਂ ਬਚਾਇਆ।
- ਮੌਸਮ ਵਿਭਾਗ ਨੇ 5 ਤੇ 6 ਜਨਵਰੀ ਨੂੰ, ਪੰਜਾਬ ਦੇ ਜ਼ਿਆਦਾਤਰ ਇਲਾਕਿਆਂ ਵਿਚ ਮੀਂਹ ਪੈਣ ਦੀ ਸੰਭਾਵਨਾ ਜਤਾਈ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਡਿਜੀਟਲ ਕਾਮਰਸ ਲਈ ਓਪਨ ਨੈੱਟਵਰਕ -ONDC ਨੇ ਛੋਟੇ ਵਪਾਰੀਆਂ ਦੇ ਸਸ਼ਕਤੀਕਰਨ ਅਤੇ ਈ-ਕਾਮਰਸ ਦੇ ਖੇਤਰ ਵਿੱਚ ਕ੍ਰਾਂਤੀ ਲਿਆਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਏ। ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ONDC ਵਿਕਾਸ ਅਤੇ ਖੁਸ਼ਹਾਲੀ ਨੂੰ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਏ। ਵਣਜ ਅਤੇ

ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਕਿਹਾ ਕਿ ਮੋਦੀ ਸਰਕਾਰ ਨੇ, ਭਾਰਤ ਵਿੱਚ ਈ-ਕਾਮਰਸ ਦਾ ਲੋਕਤੰਤਰੀਕਰਨ ਕਰਨ ਦੇ ਉਦੇਸ਼ ਨਾਲ, ਸਾਲ 2021 ਵਿੱਚ ONDC ਦੀ ਸ਼ੁਰੂਆਤ ਕੀਤੀ ਸੀ। ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਸਾਲਾਂ ਵਿੱਚ, ਇਸ ਨੇ ਅਣਗਿਣਤ ਪ੍ਰਾਪਤੀਆਂ ਕੀਤੀਆਂ ਨੇ  ਅਤੇ ਆਪਣੇ ਨੈੱਟਵਰਕ 'ਤੇ ਇੱਕ ਸਾਂਝਾ ਪਲੇਟਫਾਰਮ ਬਣਾ ਕੇ ਵਪਾਰੀਆਂ, ਖਾਸ ਕਰਕੇ ਛੋਟੇ ਉੱਦਮੀਆਂ ਦੇ ਸਸ਼ਕਤੀਕਰਨ ਵਿੱਚ ਮਦਦ ਕੀਤੀ ਏ।

---------------------------------------------------------

ਅੱਜ ਰਾਸ਼ਟਰੀ ਖੇਡ ਪੁਰਸਕਾਰਾਂ ਦਾ ਐਲਾਨ ਕਰ ਦਿੱਤਾ ਗਿਆ ਏ। ਵਿਸ਼ਵ ਸ਼ਤਰੰਜ ਚੈਂਪੀਅਨ ਡੀ ਗੁਕੇਸ਼, ਪੈਰਿਸ ਓਲੰਪਿਕ 'ਚ ਦੋਹਰਾ ਤਮਗਾ ਜੇਤੂ ਮਨੂ ਭਾਕਰ, ਭਾਰਤੀ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਅਤੇ ਪੈਰਿਸ ਪੈਰਾਲੰਪਿਕਸ 'ਚ ਸੋਨ ਤਮਗਾ ਜੇਤੂ ਪ੍ਰਵੀਨ ਕੁਮਾਰ ਨੂੰ, ਮੇਜਰ ਧਿਆਨ ਚੰਦ ਖੇਲ ਰਤਨ ਪੁਰਸਕਾਰ ਦਿੱਤਾ ਜਾਵੇਗਾ। 32 ਖਿਡਾਰੀਆਂ ਨੂੰ ਅਰਜੁਨ ਪੁਰਸਕਾਰ  ਦਿੱਤਾ ਜਾਵੇਗਾ। ਤਜਰਬੇਕਾਰ ਅਥਲੀਟ ਸੁੱਚਾ ਸਿੰਘ ਅਤੇ ਪੈਰਾ ਤੈਰਾਕ ਮੁਰਲੀਕਾਂਤ

ਪੇਟਕਰ ਨੂੰ ਲਾਈਫਟਾਈਮ ਅਰਜੁਨ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾਵੇਗਾ। ਪੈਰਾ-ਸ਼ੂਟਿੰਗ ਕੋਚ ਸੁਭਾਸ਼ ਰਾਣਾ, ਸ਼ੂਟਿੰਗ ਕੋਚ ਦੀਪਾਲੀ ਦੇਸ਼ਪਾਂਡੇ, ਹਾਕੀ ਕੋਚ ਸੰਦੀਪ ਸਾਂਗਵਾਨ, ਬੈਡਮਿੰਟਨ ਕੋਚ ਐੱਸ. ਮੁਰਲੀਧਰਨ ਅਤੇ ਫੁੱਟਬਾਲ ਕੋਚ ਅਰਮਾਂਡੋ ਐਗ-ਨੇਲੋ ਕੋਲਾਕੋ ਨੂੰ ਦਰੋਣਾਚਾਰੀਆ ਪੁਰਸਕਾਰ ਨਾਲ ਨਿਵਾਜ਼ਿਆ ਜਾਵੇਗਾ। ਫਿਜ਼ੀਕਲ ਐਜੂਕੇਸ਼ਨ ਫਾਊਂਡੇਸ਼ਨ ਆਫ ਇੰਡੀਆ ਨੂੰ, 'ਰਾਸ਼ਟਰੀ ਖੇਲ ਪ੍ਰੋਤਸਾਹਨ' ਪੁਰਸਕਾਰ ਦਿੱਤਾ ਜਾਵੇਗਾ। ਚੰਡੀਗੜ੍ਹ ਯੂਨੀਵਰਸਿਟੀ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੂੰ, ਮੌਲਾਨਾ ਅਬੁਲ ਕਲਾਮ ਆਜ਼ਾਦ ਟਰਾਫੀ ਪ੍ਰਦਾਨ ਕੀਤੀ ਜਾਵੇਗੀ ।ਇਸ ਮਹੀਨੇ ਦੀ 17 ਤਰੀਕ ਨੂੰ, ਰਾਸ਼ਟਰਪਤੀ ਭਵਨ ਵਿੱਚ ਵਿਸ਼ੇਸ਼ ਤੌਰ 'ਤੇ ਆਯੋਜਿਤ ਸਮਾਗਮ ਵਿੱਚ ਰਾਸ਼ਟਰਪਤੀ ਦ੍ਰੋਪਦੀ ਮੁਰਮੂ ,ਜੇਤੂਆਂ ਨੂੰ ਪੁਰਸਕਾਰ ਪ੍ਰਦਾਨ ਕਰਨਗੇ । ਪੁਰਸਕਾਰਾਂ ਲਈ ਚੋਣ ਕਮੇਟੀ ਦੀ ਅਗਵਾਈ, ਸੁਪਰੀਮ ਕੋਰਟ ਦੇ ਸੇਵਾਮੁਕਤ ਜੱਜ ਜਸਟਿਸ ਵੀ. ਰਾਮਾ-ਸੁਬਰਾਮਨੀਅਨ ਅਤੇ ਉੱਘੇ ਖਿਡਾਰੀ ਤੇ ਖੇਡ ਪੱਤਰਕਾਰੀ ਦਾ ਤਜਰਬਾ ਰੱਖਣ ਵਾਲੇ ਵਿਅਕਤੀ ਅਤੇ ਖੇਡ ਪ੍ਰਸ਼ਾਸਕ ਨੇ ਕੀਤੀ ।

---

ਭਾਰਤ ਦੀ ਸਰਵਉੱਚ ਅਦਾਲਤ ਵਲੋਂ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਡਾਕਟਰੀ ਸਹਾਇਤਾ ਦੇਣ ਬਾਰੇ ਮਾਮਲੇ ਦੀ ਅੱਜ ਹੋਈ ਸੁਣਵਾਈ ਵਿਚ ਅਦਾਲਤ ਨੇ ਪੰਜਾਬ ਸਰਕਾਰ ਨੂੰ 6 ਜਨਵਰੀ ਤੱਕ ਦਾ ਹੋਰ ਸਮਾਂ ਦੇ ਦਿੱਤਾ ਏ। ਇਸ ਤੋਂ ਪਹਿਲਾ ਸਰਵਉੱਚ ਅਦਾਲਤ ਨੇ ਪੰਜਾਬ ਸਰਕਾਰ ਨੂੰ ਹੁਕਮ ਦਿੱਤੇ ਸਨ ਕਿ ਡੱਲੇਵਾਲ ਦੀ ਜਾਨ ਬਚਾਉਣ ਲਈ, ਹਰ ਸੰਭਵ ਕਦਮ ਚੁੱਕੇ ਜਾਣ। ਕਿਸਾਨੀ ਮੰਗਾਂ ਨੂੰ ਲੈਕੇ ਡੱਲੇਵਾਲ ਬੀਤੇ ਕਈ ਦਿਨਾਂ ਤੋਂ  ਮਰਨ ਵਰਤ ਤੇ ਨੇ। ਸਰਵਉੱਚ ਅਦਾਲਤ ਨੇ ਇਹ ਵੀ ਸਪਸ਼ਟ ਕੀਤਾ ਏ ਕਿ ਓਹਨਾ ਦਾ ਮਕਸਦ ਡੱਲੇਵਾਲ ਦੇ ਵਰਤ ਨੂੰ ਤੋੜਨਾ ਨਹੀਂ ਹੈ ਬਲਕਿ ਓਹਨਾ ਦੀ ਸਿਹਤ ਦਾ ਖ਼ਯਾਲ ਰੱਖਣਾ ਏ ਤਾਕੀ ਉਹ ਆਪਣਾ ਸ਼ਾਂਤੀਪੂਰਨ ਢੰਗ ਨਾਲ ਸ਼ੁਰੂ ਕੀਤਾ ਗਯਾ ਗੈਰ ਰਾਜਨੀਤੀਕ ਅੰਦੋਲਨ ਜਾਰੀ ਰੱਖ ਸਕਣ।

---

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਵਿਭਾਗ ਵੱਲੋਂ ਬੱਚਿਆਂ ਨੂੰ ਭੀਖ ਮੰਗਣ ਤੋਂ

ਬਚਾਉਣ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਨੇ ਤਾਕਿ ਉਨ੍ਹਾਂ ਦੇ ਬਚਪਨ ਨੂੰ ਸੁਰੱਖਿਅਤ ਕੀਤਾ ਜਾ ਸਕੀ । ਉਨ੍ਹਾਂ ਦੱਸਿਆ ਕੇ ਇਸ ਸੰਬੰਧ ਵਿਚ ਵਿਭਾਗ ਵੱਲੋਂ ਬੱਚਿਆਂ ਨੂੰ ਭਿਖਿਆ ਤੋਂ ਬਚਾਉਣ ਲਈ ਸਾਲ 2024 ਦੌਰਾਨ 713 ਛਾਪੇ ਮਾਰੇ ਗਏ, ਜਿਸ ਦੌਰਾਨ ਕੁੱਲ 261 ਬੱਚੇ ਬਚਾਏ ਗਏ ।

**ਵੇਰਵੇ ਨਾਲ ਇਕ ਰਿਪੋਰਟ :**

***ਪੰਜਾਬ ਭਿਖਿਆ ਰੋਕਥਾਮ ਐਕਟ 1971 ਅਨੁਸਾਰ, 16 ਸਾਲ ਤੋਂ ਘੱਟ ਉਮਰ ਦੇ ਵਿਅਕਤੀ ਨੂੰ ਬੱਚਾ ਮੰਨਿਆ ਜਾਵੇਗਾ। ਜਿਨ੍ਹਾਂ ਜ਼ਿਲਿਆਂ ਵਿਚੋਂ ਸਭ ਤੋਂ ਵੱਧ ਬੱਚੇ ਬਾਲ ਭਿਖਿਆ ਵਿੱਚੋਂ ਬਚਾਏ ਗਏ ਨੇ ਓਹਨਾ ਵਿਚ ਬਠਿੰਡਾ, ਫਰੀਦਕੋਟ, ਲੁਧਿਆਣਾ ਅਤੇ ਗੁਰਦਾਸਪੁਰ ਸ਼ਾਮਿਲ ਨੇ । ਬੱਚਿਆਂ ਦੀ ਸੁਰੱਖਿਆ ਲਈ ਕ਼ਾਨੂਨ ਮੁਤਾਬਿਕ ਕਿਸੇ ਵਿਅਕਤੀ ਵੱਲੋਂ ਬੱਚਿਆਂ ਕੋਲੋਂ ਭੀਖ ਮੰਗਵਾਉਣ ਲਈ ਇਸਤੇਮਾਲ ਕਰਨ ਤੇ ਪੰਜ ਸਾਲ ਦੀ ਸਜ਼ਾ ਹੋ ਸਕਦੀ ਹੈ ਅਤੇ ਇੱਕ ਲੱਖ ਰੁਪਏ ਦਾ ਜ਼ੁਰਮਾਨਾ ਕੀਤਾ ਜਾ ਸਕਦਾ ਹੈ। ਜੇਕਰ ਕਿਸੇ ਵਿਅਕਤੀ ਵੱਲੋਂ ਭੀਖ ਮੰਗਵਾਉਣ ਲਯੀ ਕਿਸੇ ਬਛੇ ਦੇ***

ਅੰਗ ਕੱਟੇ ਜਾਂਦੇ ਹਨ ਤਾਂ ਉਸ ਵਿਅਕਤੀ ਨੂੰ ਦਸ ਸਾਲ ਦੀ ਸਜ਼ਾ ਹੋ ਸਕਦੀ ਹੈ ਅਤੇ ਪੰਜ ਲੱਖ ਰੁਪਏ ਦਾ ਜ਼ੁਰਮਾਨਾ ਕੀਤਾ ਜਾ ਸਕਦਾ ਹੈ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਬੱਚਿਆਂ ਨੂੰ ਭਿਖਿਆ ਤੋਂ ਬਚਾਉਣ ਲਈ ਪ੍ਰੋਜੈਕਟ ਜੀਵਨਜੋਤ ਚਲਾਇਆ ਜਾ ਰਿਹਾ ਹੈ ਜੋ ਇਹ ਯਕੀਨੀ ਬਣਾਉਣ ਲਈ ਇੱਕ ਕਦਮ ਹੈ ਕਿ ਕਿਸੇ ਵੀ ਬੱਚੇ ਨੂੰ ਭੀਖ ਮੰਗਣ ਲਈ ਮਜਬੂਰ ਨਾ ਕੀਤਾ ਜਾਵੇ। ਇਸ ਪ੍ਰੋਜੈਕਟ ਅਧੀਨ ਵੱਖ-ਵੱਖ ਵਿਭਾਗਾਂ ਦੇ ਨਾਲ ਰਲ ਕੇ ਬੱਚਿਆਂ ਨੂੰ ਭੀਖ ਮੰਗਣ ਤੋਂ ਬਚਾ ਕੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸਿੱਖਿਆ ਦੇਣ ਲਈ ਕਦਮ ਚੁੱਕੇ ਜਾਂਦੇ ਨੇ । ਇਸੇ ਤਹਿਤ 15 ਬੱਚਿਆਂ ਦਾ ਕੋਈ ਆਸਰਾ ਨਾ ਹੋਣ ਕਰਕੇ ਰਾਜ ਵਿੱਚ ਚਲਾਏ ਜਾ ਰਹੇ ਬਾਲ ਘਰਾਂ ਵਿੱਚ ਭੇਜਿਆ ਗਿਆ ਏ ਜਿਥੇ ਓਹਨਾ ਨੂੰ ਪੜਾਈ, ਖਾਣਾ, ਸਿਹਤ ਸਹੂਲਤਾਂ ਦਿੱਤੀਆਂ ਜਾ ਰਹੀਆਂ ਨੇ । ਬਾਕੀ ਬੱਚਿਆਂ ਨੂੰ ਬਾਲ ਭਲਾਈ ਕਮੇਟੀ ਰਾਹੀਂ ਉਨ੍ਹਾਂ ਦੇ ਮਾਪਿਆਂ ਨੂੰ ਸਪੁਰਦ ਕਰਨ ਦੇ ਨਾਲ ਹੀ 18 ਬੱਚਿਆਂ ਨੂੰ ਸਪੋਂਸਰਸ਼ਿਪ ਸਕੀਮ ਦਾ ਲਾਭ, 105 ਬੱਚਿਆਂ ਨੂੰ ਸਕੂਲ ਵਿੱਚ ਦਾਖਲਾ ਅਤੇ 03 ਬੱਚਿਆ ਨੂੰ ਆਂਗਨਵਾੜੀ ਵਿੱਚ

***ਦਾਖਲ ਕਰਵਾਇਆ ਗਿਆ ਏ । ਬੱਚਿਆਂ ਨੂੰ ਪੜ੍ਹਾਈ ਜਾਰੀ ਰੱਖਣ ਲਈ ਸਪਾਂਸਰਸ਼ਿਪ ਸਕੀਮ ਤਹਿਤ ਵਿੱਤੀ ਸਹਾਇਤਾ ਵੀ ਦਿੱਤੀ ਜਾਂਦੀ ਹੈ।ਡਾ. ਬਲਜੀਤ ਕੌਰ ਨੇ ਦੱਸਿਆ ਕਿ ਵਿਭਾਗ ਵੱਲੋਂ ਇਨ੍ਹਾਂ ਬੱਚਿਆਂ ਤੇ ਨਿਗਰਾਨੀ ਰੱਖੀ ਜਾ ਰਹੀ ਹੈ ਕਿ ਉਹ ਦੁਬਾਰਾ ਭੀਖ ਮੰਗਣ ਵਿੱਚ ਸ਼ਾਮਿਲ ਨਾ ਹੋਣ। ਰਾਜੇਸ਼ ਬਾਲੀ/ਆਕਾਸ਼ਵਾਣੀ ਖ਼ਬਰਾਂ /ਜਲੰਧਰ***

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਦਿੱਲੀ ਵਿੱਚ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ ਅਤੇ ਨੀਂਹ ਪੱਥਰ ਰੱਖਣਗੇ । ਪ੍ਰਧਾਨ ਮੰਤਰੀ, ਰਾਸ਼ਟਰੀ ਰਾਜਧਾਨੀ ਦੇ ਅਸ਼ੋਕ ਵਿਹਾਰ ਵਿੱਚ ਝੁੱਗੀ-ਝੌਂਪੜੀਆਂ ਦੇ ਵਸਨੀਕਾਂ ਲਈ ਲਗਭਗ ਇੱਕ ਹਜ਼ਾਰ 700 ਨਵੇਂ ਬਣੇ ਫਲੈਟਾਂ ਦਾ ਉਦਘਾਟਨ ਕਰਨਗੇ ਅਤੇ ਯੋਗ ਲਾਭਪਾਤਰੀਆਂ ਨੂੰ ਚਾਬੀਆਂ ਸੌਂਪਣਗੇ । ਇਨ੍ਹਾਂ ਨਵੇਂ ਬਣੇ ਫਲੈਟਾਂ ਦੇ ਉਦਘਾਟਨ ਨਾਲ, ਦਿੱਲੀ ਵਿਕਾਸ ਅਥਾਰਟੀ ਵੱਲੋਂ ਇਨ-ਸੀਟੂ ਸਲੱਮ ਮੁੜ ਵਸੇਬਾ ਪ੍ਰਾਜੈਕਟ ਦਾ ਦੂਜਾ ਗੇੜ ਪੂਰਾ ਹੋ ਜਾਵੇਗਾ। ਇਸ ਪ੍ਰੋਜੈਕਟ ਦਾ ਉਦੇਸ਼ ਝੁੱਗੀ-ਝੌਂਪੜੀ

ਬਸਤੀਆਂ ਦੇ ਵਸਨੀਕਾਂ ਨੂੰ ਬਿਹਤਰ ਅਤੇ ਸਿਹਤਮੰਦ ਵਾਤਾਵਰਣ ਅਤੇ ਉਚਿਤ ਸੁਵਿਧਾਵਾਂ ਦੇ ਨਾਲ ਰਿਹਾਇਸ਼ ਪ੍ਰਦਾਨ ਕਰਨਾ ਏ । ਸ੍ਰੀ ਮੋਦੀ ਸ਼ਹਿਰ ਵਿੱਚ ਦੋ ਸ਼ਹਿਰੀ ਪੁਨਰ ਵਿਕਾਸ ਪ੍ਰਾਜੈਕਟਾਂ ਦਾ ਉਦਘਾਟਨ ਵੀ ਕਰਨਗੇ। ਵਰਲਡ ਟ੍ਰੇਡ ਸੈਂਟਰ ਤੋਂ ਪਾਰ 600 ਖੰਡਰ ਕੁਆਰਟਰਾਂ ਦੀ ਥਾਂ 'ਤੇ ਇੱਕ ਅਤਿ-ਆਧੁਨਿਕ ਟਾਵਰ ਦੇ ਨਿਰਮਾਣ ਨਾਲ ਖੇਤਰ ਨੂੰ ਸੁਰਜੀਤ ਕੀਤਾ ਗਿਆ ਏ ।

---------------------------------------------------------

ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਦੇਸ਼ 'ਚ ਪਹਿਲੀ ਅਤੇ ਵਿਲੱਖਣ ਸੇਵਾ ਦੀ ਲੜੀ ਤਹਿਤ, ''ਦੂਜੀ ਆਨਲਾਈਨ ਐਨ.ਆਰ.ਆਈ ਮਿਲਣੀ'' ਕਲ ਸਵੇਰੇ 11 ਕੀਤੀ ਜਾਵੇਗੀ, ਜਿਸ ਵਿੱਚ ਪ੍ਰਵਾਸੀ ਪੰਜਾਬੀਆਂ ਦੀਆਂ ਸ਼ਿਕਾਇਤਾਂ ਸੁਣੀਆਂ ਜਾਣਗੀਆਂ ਅਤੇ ਉਨ੍ਹਾਂ ਦਾ ਹੱਲ ਕੀਤਾ ਜਾਵੇਗਾ। ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿਘ ਧਾਲੀਵਾਲ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਪ੍ਰਵਾਸੀ ਪੰਜਾਬੀਆਂ ਦੇ ਮਸਲਿਆਂ ਨੂੰ ਹੱਲ ਕਰਨ ਲਈ, ਲਗਾਤਾਰ ਠੋਸ ਕਦਮ ਚੁੱਕ ਰਹੀ ਹੈ । ਪ੍ਰਵਾਸੀ ਪੰਜਾਬੀ ਆਪਣੀਆਂ ਹਰ ਤਰ੍ਹਾਂ ਦੀਆਂ

ਸ਼ਿਕਾਇਤਾਂ ਲਈ ਪੰਜਾਬ ਸਰਕਾਰ ਦੇ ਸੋਸ਼ਲ ਮੀਡਿਆ ਹੈਂਡਲਸ ‘X’, Facebook and Instagram ਤੇ ਸਾਂਝੀ ਕੀਤੀ ਲਿੰਕ ਰਹਿਣ ਇਸ ਮਿਲਣੀ ਵਿਚ ਜੁੜ ਸਕਦੇ ਨੇ । ਉਹ ਆਪਣੀਆਂ ਲਿਖਤੀ ਸ਼ਿਕਾਇਤਾਂ ਈਮੇਲ ਪਤੇ: NRIMINISTER2023@GMAIL.COM `ਤੇ ਵੀ ਭੇਜ ਸਕਦੇ ਹਨ।

-----------------------------------------------------------

ਸਮਾਜ ਵਿੱਚੋਂ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਖਤਮ ਕਰਨ, ਅਤੇ ਜਨਤਕ ਖੇਤਰ ਵਿੱਚੋਂ ਇਸ ਸਮਾਜਿਕ ਬੁਰਾਈ ਨੂੰ ਠੱਲ੍ਹ ਪਾਉਣ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਪੰਜਾਬ ਵਿਜੀਲੈਂਸ ਬਿਊਰੋ ਨੇ ਇੱਕ ਬਹੁ-ਨੁਕਾਤੀ ਪਹੁੰਚ ਅਪਣਾਈ ਅਤੇ ਭ੍ਰਿਸ਼ਟਾਚਾਰ ਸਬੰਧੀ, ਸਾਲ 2024 ਦੌਰਾਨ 173 ਮੁਲਜ਼ਮ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤੇ। ਵਿਜੀਲੈਂਸ ਬਿਊਰੋ ਦੇ ਚੀਫ ਡਾਇਰੈਕਟਰ ਤੇ ਵਿਸ਼ੇਸ਼ DGP ਵਰਿੰਦਰ ਕੁਮਾਰ ਨੇ ਦੱਸਿਆ ਕਿ ਵਿਜੀਲੈਂਸ ਬਿਊਰੋ ਨੇ ਸਾਲ 2024 ਦੌਰਾਨ ਵੱਖ-ਵੱਖ ਵਿਭਾਗਾਂ ਦੇ 139 ਅਧਿਕਾਰੀਆਂ ਤੇ ਮੁਲਾਜ਼ਮਾਂ ਅਤੇ 34 ਆਮ ਵਿਅਕਤੀਆਂ ਨੂੰ 134

ਟਰੈਪ ਮਾਮਲਿਆਂ  ਵਿੱਚ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ ।
 ਵਿਜੀਲੈਂਸ ਬਿਊਰੋ ਨੇ ਇਹਲੀ  ਜਨਵਰੀ ਤੋਂ 31 ਦਸੰਬਰ, 2024 ਤੱਕ 10 ਗਜ਼ਟਿਡ ਅਧਿਕਾਰੀਆਂ  ਅਤੇ 129 ਨਾਨ-ਗਜ਼ਟਿਡ ਅਧਿਕਾਰੀ ਨੂੰ ਗ੍ਰਿਫ਼ਤਾਰ ਕੀਤਾ ਏ । ਵਿਜੀਲੈਂਸ ਬਿਊਰੋ ਦੇ ਮੁਖੀ ਨੇ ਖੁਲਾਸਾ ਕੀਤਾ ਕਿ ਇਸ ਸਾਲ ਦੌਰਾਨ ਹੋਰਨਾਂ ਵਿਭਾਗਾਂ ਤੋਂ ਇਲਾਵਾ ਪੰਜਾਬ ਪੁਲਿਸ ਦੇ 53, ਮਾਲ ਵਿਭਾਗ ਦੇ 33, ਬਿਜਲੀ ਵਿਭਾਗ ਦੇ 9, ਪੰਚਾਇਤਾਂ ਅਤੇ ਪੇਂਡੂ ਵਿਕਾਸ ਦੇ 3, ਸਿਹਤ ਵਿਭਾਗ ਦੇ 8, ਸਥਾਨਕ ਸਰਕਾਰਾਂ ਵਿਭਾਗ ਦੇ 18, ਖੁਰਾਕ ਅਤੇ ਸਿਵਲ ਸਪਲਾਈ ਦੇ 3 ਮੁਲਾਜ਼ਮਾਂ ਨੂੰ ਵੱਖ-ਵੱਖ ਮਾਮਲਿਆਂ ਵਿੱਚ ਰਿਸ਼ਵਤ ਲੈਂਦਿਆਂ ਕਾਬੂ ਕੀਤਾ ਗਿਆ। ਇਸ ਤੋਂ ਇਲਾਵਾ ਵਿਜੀਲੈਂਸ ਬਿਊਰੋ ਨੇ ਵਣ ਵਿਭਾਗ, ਕਿਰਤ, ਵਿੱਤ ਅਤੇ ਟਰਾਂਸਪੋਰਟ ਵਿਭਾਗ ਦੇ ਦੋ-ਦੋ ਮੁਲਾਜ਼ਮਾਂ ਨੂੰ ਵੀ ਭ੍ਰਿਸ਼ਟਾਚਾਰ ਦੇ ਕੇਸਾਂ ਵਿੱਚ ਗ੍ਰਿਫ਼ਤਾਰ ਕੀਤਾ ਏ । ਉਨ੍ਹਾਂ ਦੱਸਿਆ ਕਿ ਵਿਜੀਲੈਂਸ ਬਿਊਰੋ ਨੇ ਮੁਲਜ਼ਮਾਂ ਵਿਰੁੱਧ 124 ਅਪਰਾਧਿਕ ਮਾਮਲੇ ਦਰਜ ਕੀਤੇ ਨੇ ,  । ਇਸ ਤੋਂ ਇਲਾਵਾ 26 ਅਧਿਕਾਰੀਆਂ, 27 ਨਾਨ-ਗਜ਼ਟਿਡ ਅਧਿਕਾਰੀਆਂ ਅਤੇ 7 ਹੋਰ ਆਮ ਵਿਅਕਤੀਆਂ ਵਿਰੁੱਧ ਭ੍ਰਿਸ਼ਟਾਚਾਰ ਦੀਆਂ ਸ਼ਿਕਾਇਤਾਂ ਦੀ

ਜਾਂਚ ਲਈ 60 ਵਿਜੀਲੈਂਸ ਪੜਤਾਲਾਂ ਦਰਜ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ 3 ਨਾਨ-ਗਜ਼ਟਿਡ ਅਧਿਕਾਰੀਆਂ ਖਿਲਾਫ ਵੀ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਸਬੰਧੀ 3 ਮਾਮਲੇ ਦਰਜ ਕੀਤੇ ਗਏ ਹਨ।

---------------------------------------------------

ਪੰਜਾਬ ਵਿਚ ਪਿਛਲੇ ਕੁਝ ਦਿਨਾਂ ਤੋਂ ਧੁੱਪ ਨਾ ਨਿਕਲਣ ਕਾਰਨ ਪੂਰੇ ਦਿਨ ਦਾ ਤਾਪਮਾਨ ਹਾਲੇ ਵੀ ਆਮ ਨਾਲੋਂ 1.8 ਡਿਗਰੀ ਘੱਟ ਚਲ ਰਿਹਾ ਏ। ਮੌਸਮ ਵਿਭਾਗ ਨੇ ਫ਼ਿਰੋਜ਼ਪੁਰ, ਫ਼ਾਜ਼ਿਲਕਾ, ਫ਼ਰੀਦਕੋਟ, ਮੁਕਤਸਰ, ਮੋਗਾ, ਬਠਿੰਡਾ, ਬਰਨਾਲਾ ਤੇ ਮਾਨਸਾ ਵਿਚ ਸੀਤ ਲਹਿਰ ਸਬੰਧੀ ਅਲਰਟ ਜਾਰੀ ਕੀਤਾ ਏ। ਦਸਿਆ ਗਿਆ ਏ ਕਿ ਇਕ ਹੋਰ ਪੱਛਮੀ ਗੜਬੜੀ 4 ਜਨਵਰੀ ਨੂੰ ਸਰਗਰਮ ਹੋ ਰਹੀ ਏ। ਇਸ ਤੋਂ ਬਾਅਦ ਸੂਬੇ ਵਿਚ ਮੁੜ ਮੀਂਹ ਪੈ ਸਕਦਾ ਏ। ਮੌਸਮ ਵਿਭਾਗ ਨੇ 5 ਤੇ 6 ਜਨਵਰੀ ਨੂੰ ਪੰਜਾਬ ਦੇ ਜ਼ਿਆਦਾਤਰ ਇਲਾਕਿਆਂ ਵਿਚ ਮੀਂਹ ਪੈਣ ਦੀ ਸੰਭਾਵਨਾ ਜਤਾਈ ਏ। ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰਪਾਲ ਨੇ ਜਾਣਕਾਰੀ ਦੀਦਿਆਂ ਦਸਿਆ।

---------------------------------------------

ਹਾਕੀ ਇੰਡੀਆ ਲੀਗ 2024-25 ਵਿੱਚ, ਸੂਰਮਾ ਹਾਕੀ ਕਲੱਬ ਅੱਜ ਸ਼ਾਮ ਰਾਉਰਕੇਲਾ ਦੇ ਬਿਰਸਾ ਮੁੰਡਾ ਹਾਕੀ ਸਟੇਡੀਅਮ ਵਿੱਚ UP ਰੁਦ੍ਰਾਸ ਖਿਲਾਫ਼ ਖੇਡੇਗੀ. ਇਸ ਤੋਂ ਪਹਿਲਾਂ ਬੀਤੀ ਰਾਤ ਲੀਗ ਦੇ ਆਪਣੇ ਦੂਜੇ ਮੈਚ ਵਿੱਚ ਸ਼ਰਾਚੀ ਰਾੜ੍ਹ ਬੰਗਾਲ ਟਾਈਗਰਸ ਨੇ ਟੀਮ ਗੋਨਾ-ਸਿਕਾ ਨੂੰ 2-1 ਨਾਲ ਹਰਾਇਆ।

**ਇੱਕ ਰਿਪੋਰਟ -**

---------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਡਿਜੀਟਲ ਕਾਮਰਸ ਲਈ ਓਪਨ ਨੈੱਟਵਰਕ ਨੇ ਛੋਟੇ ਵਪਾਰੀਆਂ ਦੇ ਸਸ਼ਕਤੀਕਰਨ ਅਤੇ ਈ-ਕਾਮਰਸ ਦੇ ਖੇਤਰ ਵਿੱਚ, ਕ੍ਰਾਂਤੀ ਲਿਆਉਣ 'ਚ ਮਹੱਤਵਪੂਰਨ ਯੋਗਦਾਨ ਪਾਇਆ ਏ।
- ਅੱਜ ਰਾਸ਼ਟਰੀ ਖੇਡ ਪੁਰਸਕਾਰਾਂ ਦਾ ਐਲਾਨ ਕੀਤਾ ਗਿਆ - ਵਿਸ਼ਵ ਸ਼ਤਰੰਜ ਚੈਂਪੀਅਨ ਡੀ ਗੁਕੇਸ਼, ਨਿਸ਼ਾਨੇਬਾਜ਼ ਮਨੂ ਭਾਕਰ, ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਅਤੇ ਪੈਰਾਲੰਪਿਕਸ

ਖਿਡਾਰੀ ਪ੍ਰਵੀਨ ਕੁਮਾਰ ਨੂੰ, ਮੇਜਰ ਧਿਆਨ ਚੰਦ ਖੇਲ ਰਤਨ ਪੁਰਸਕਾਰ ਦਿੱਤਾ ਜਾਵੇਗਾ।

- ਚੰਡੀਗੜ੍ਹ ਯੂਨੀਵਰਸਿਟੀ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੂੰ ਮਿਲੇਗੀ ਮੌਲਾਨਾ ਅਬੁਲ ਕਲਾਮ ਆਜ਼ਾਦ ਟਰਾਫੀ।
- ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਵਿਭਾਗ ਨੇ, ਸਾਲ 2024 ਵਿਚ, 261 ਬੱਚਿਆਂ ਨੂੰ ਭਿਖਿਆ ਮੰਗਵਾਉਣ ਤੋਂ ਬਚਾਇਆ।
- ਮੌਸਮ ਵਿਭਾਗ ਨੇ 5 ਤੇ 6 ਜਨਵਰੀ ਨੂੰ, ਪੰਜਾਬ ਦੇ ਜ਼ਿਆਦਾਤਰ ਇਲਾਕਿਆਂ ਵਿਚ ਮੀਂਹ ਪੈਣ ਦੀ ਸੰਭਾਵਨਾ ਜਤਾਈ।